ਗਉੜੀ ਛੰਤ ਮਹਲਾ ੧ ॥ ਸੁਣਿ ਨਾਹ ਪ੍ਰਭੂ ਜੀਉ ਏਕਲੜੀ ਬਨ ਮਾਹੇ ॥ ਕਿਉ ਧੀਰੈਗੀ ਨਾਹ ਬਿਨਾ ਪ੍ਰਭ ਵੇਪਰਵਾਹੇ ॥ ਧਨ ਨਾਹ ਬਾਝਹੁ ਰਹਿ ਨ ਸਾਕੈ ਬਿਖਮ ਰੈਣਿ ਘਣੇਰੀਆ ॥ ਨਹ ਨੀਦ ਆਵੈ ਪ੍ਰੇਮੁ ਭਾਵੈ ਸੁਣਿ ਬੇਨੰਤੀ ਮੇਰੀਆ ॥ ਬਾਝਹੁ ਪਿਆਰੇ ਕੋਇ ਨ ਸਾਰੇ ਏਕਲੜੀ ਕੁਰਲਾਏ ॥ ਨਾਨਕ ਸਾ ਧਨ ਮਿਲੈ ਮਿਲਾਈ ਬਿਨੁ ਪ੍ਰੀਤਮ ਦੁਖੁ ਪਾਏ ॥੧॥ {ਪੰਨਾ 243}

ਪਦਅਰਥ:- ਨਾਹ—ਹੇ ਨਾਥ! ਹੇ ਖਸਮ! ਬਨ—ਸੰਸਾਰ-ਜੰਗਲ। ਮਾਹੇ—ਮਾਹਿ ਵਿਚ। ਧਨ—ਜੀਵ-ਇਸਤ੍ਰੀ। ਬਿਖਮ—ਔਖੀ। ਰੈਣਿ—ਜ਼ਿੰਦਗੀ ਦੀ ਰਾਤ। ਘਣੇਰੀਆ—ਬਹੁਤ। ਸਾਰੇ—ਸੰਭਾਲਦਾ, ਵਾਤ ਪੁੱਛਦਾ। ਕੁਰਲਾਏ—ਤਰਲੇ ਲੈਂਦੀ ਹੈ, ਕੂਕਦੀ ਹੈ। ਸਾਧਨ—ਜੀਵ-ਇਸਤ੍ਰੀ।1।

ਅਰਥ:- ਹੇ ਪ੍ਰਭੂ ਖਸਮ ਜੀ! (ਮੇਰੀ ਬੇਨਤੀ) ਸੁਣੋ। (ਤੈਥੋਂ ਬਿਨਾ) ਮੈਂ ਜੀਵ-ਇਸਤ੍ਰੀ ਇਸ ਸੰਸਾਰ-ਜੰਗਲ ਵਿਚ ਇਕੱਲੀ ਹਾਂ। ਹੇ ਬੇ-ਪ੍ਰਵਾਹ ਪ੍ਰਭੂ! ਤੈਂ ਖਸਮ ਤੋਂ ਬਿਨਾਂ ਮੇਰੀ ਜਿੰਦ ਧੀਰਜ ਨਹੀਂ ਫੜ ਸਕਦੀ। ਜੀਵ-ਇਸਤ੍ਰੀ ਪ੍ਰਭੂ-ਪਤੀ ਤੋਂ ਬਿਨਾ ਰਹਿ ਨਹੀਂ ਸਕਦੀ (ਖਸਮ-ਪ੍ਰਭੂ ਤੋਂ ਬਿਨਾ ਇਸ ਦੀ) ਜ਼ਿੰਦਗੀ ਦੀ ਰਾਤ ਬਹੁਤ ਹੀ ਔਖੀ ਗੁਜ਼ਰਦੀ ਹੈ। ਹੇ ਖਸਮ-ਪ੍ਰਭੂ! ਮੇਰੀ ਬੇਨਤੀ ਸੁਣ, ਮੈਨੂੰ ਤੇਰਾ ਪਿਆਰ ਚੰਗਾ ਲੱਗਦਾ ਹੈ (ਤੇਰੇ ਵਿਛੋੜੇ ਵਿਚ) ਮੈਨੂੰ ਸ਼ਾਂਤੀ ਨਹੀਂ ਆ ਸਕਦੀ।

ਪਿਆਰੇ ਪ੍ਰਭੂ-ਪਤੀ ਤੋਂ ਬਿਨਾ (ਇਸ ਜਿੰਦ ਦੀ) ਕੋਈ ਭੀ ਵਾਤ ਨਹੀਂ ਪੁੱਛਦਾ। ਇਹ ਇਕੱਲੀ ਹੀ (ਇਸ ਸੰਸਾਰ-ਜੰਗਲ ਵਿਚ) ਕੂਕਦੀ ਹੈ, (ਪਰ) ਹੇ ਨਾਨਕ! ਜੀਵ-ਇਸਤ੍ਰੀ ਤਦੋਂ ਹੀ ਪ੍ਰਭੂ-ਪਤੀ ਨੂੰ ਮਿਲ ਸਕਦੀ ਹੈ, ਜੇ ਇਸ ਨੂੰ ਗੁਰੂ ਮਿਲਾ ਦੇਵੇ, ਨਹੀਂ ਤਾਂ ਪ੍ਰੀਤਮ-ਪ੍ਰਭੂ ਤੋਂ ਬਿਨਾ ਦੁਖ ਹੀ ਦੁਖ ਸਹਾਰਦੀ ਹੈ।1।